# ਖੇਤੀਬਾੜੀ

**ਸਮਾਂ : 2½ ਘੰਟੇ** **ਲਿਖਤੀ : 50 ਅੰਕ**

**ਪ੍ਰਯੋਗੀ: 40 ਅੰਕ**

**ਸੀ.ਸੀ.ਈ. 10 ਅੰਕ**

**ਕੁੱਲ.100 ਅੰਕ**

## ਲਿਖਤੀ ਪ੍ਰੀਖਿਆ ਲਈ ਪ੍ਰਸ਼ਨ ਪੱਤਰ ਦੀ ਬਣਤਰ

**ਪ੍ਰਸ਼ਨ ਪੱਤਰ ਨੂੰ ਚਾਰ ਭਾਗਾਂ ਵਿੱਚ ਵੰਡਿਆ ਗਿਆ ਹੈ**

**ਭਾਗ - ੳ** ਪ੍ਰਸ਼ਨ ਨੰ. 1 ਤੋਂ 6 ਤੱਕ ਇੱਕ-ਇੱਕ ਅੰਕ ਵਾਲੇ ਹੋਣਗੇ । ਇਹ ਪ੍ਰਸ਼ਨ ਇੱਕ ਸ਼ਬਦ ਤੋਂ ਇੱਕ ਵਾਕ ਤੱਕ ਦੇ ਉੱਤਰਾਂ ਵਾਲੇ ਜਾਂ ਹਾਂ/ਨਾਂ ਜਾਂ ਖਾਲੀ ਥਾਂ ਭਰੋ ਜਾਂ ਠੀਕ/ਗਲਤ ਜਾਂ ਬਹੁਭਾਂਤੀ ਉੱਤਰਾਂ ਵਾਲੇ, ਕਿਸੇ ਵੀ ਤਰ੍ਹਾਂ ਦੇ ਹੋ ਸਕਦੇ ਹਨ । ਸਾਰੇ ਪ੍ਰਸ਼ਨ ਹੱਲ ਕਰਨੇ ਲਾਜ਼ਮੀ ਹੋਣਗੇ।

**ਭਾਗ - ਅ** ਪ੍ਰਸ਼ਨ ਨੰ. 7 ਤੋਂ 12 ਤੱਕ ਦੋ-ਦੋ ਅੰਕਾਂ ਵਾਲੇ ਹੋਣਗੇ । ਹਰੇਕ ਪ੍ਰਸ਼ਨ ਦਾ ਉੱਤਰ ਲਗਭਗ ਇੱਕ-ਦੋ ਵਾਕਾਂ ਦਾ ਹੋਵੇਗਾ । ਸਾਰੇ ਪ੍ਰਸ਼ਨ ਹੱਲ ਕਰਨੇ ਲਾਜ਼ਮੀ ਹੋਣਗੇ।

**ਭਾਗ - ੲ** ਪ੍ਰਸ਼ਨ ਨੰ. 13 ਤੋਂ 17 ਤੱਕ ਚਾਰ-ਚਾਰ ਅੰਕਾਂ ਵਾਲੇ ਹੋਣਗੇ । ਹਰੇਕ ਪ੍ਰਸ਼ਨ ਦਾ ਉੱਤਰ ਲਗਭਗ ਤਿੰਨ-ਚਾਰ ਵਾਕਾਂ ਦਾ ਹੋਵੇਗਾ। ਪ੍ਰਸ਼ਨ ਨੰ. 16 ਅਤੇ 17 ਵਿੱਚ 100% ਅੰਦਰੂਨੀ ਛੋਟ ਹੋਵੇਗੀ। ਅੰਦਰੂਨੀ ਛੋਟ ਵਾਲਾ ਪ੍ਰਸ਼ਨ ਉਸੇ ਸੈਕਸ਼ਨ ਵਿੱਚੋਂ ਹੋਵੇਗਾ।

**ਭਾਗ - ਸ** ਪ੍ਰਸ਼ਨ ਨੰ. 18 ਤੋਂ 19 ਤੱਕ ਛੇ-ਛੇ ਅੰਕਾਂ ਵਾਲੇ ਹੋਣਗੇ। ਹਰੇਕ ਪ੍ਰਸ਼ਨ ਦਾ ਉੱਤਰ ਪੰਜ-ਛੇ ਵਾਕਾਂ ਵਿੱਚ ਹੋਵੇਗਾ। ਇਨ੍ਹਾਂ ਪ੍ਰਸ਼ਨਾਂ ਵਿੱਚ 100% ਅੰਦਰੂਨੀ ਛੋਟ ਹੋਵੇਗੀ। ਅੰਦਰੂਨੀ ਛੋਟ ਵਾਲਾ ਪ੍ਰਸ਼ਨ ਉਸੇ ਸੈਕਸ਼ਨ ਵਿੱਚੋਂ ਹੋਵੇਗਾ ।

**ਪ੍ਰਸ਼ਨ ਪੱਤਰ ਵਿੱਚ ਕੁੱਲ 19 ਪ੍ਰਸ਼ਨ ਹੋਣਗੇ। ਅੰਕਾਂ ਦੀ ਵੰਡ ਹੇਠ ਲਿਖੇ ਅਨੁਸਾਰ ਹੈ:-**

| ਸੈਕਸ਼ਨ | ਪਾਠ ਨੰਬਰ | 1 ਅੰਕ ਵਾਲੇ ਆਬਜੈਕਟਿਵ ਟਾਈਪ ਪ੍ਰਸ਼ਨ | 2 ਅੰਕਾਂ ਵਾਲੇ ਬਹੁਤ ਛੋਟੇ ਉੱਤਰਾਂ ਵਾਲੇ ਪ੍ਰਸ਼ਨ | 4 ਅੰਕਾਂ ਵਾਲੇ ਪ੍ਰਸ਼ਨ | 6 ਅੰਕਾਂ ਵਾਲੇ ਪ੍ਰਸ਼ਨ | ਜੋੜ |
|---|---|---|---|---|---|---|
| ੳ | 1, 2, 3, 4, 5 | 3 | 3 | 2 | 1 | **23 ਅੰਕ** |
| ਅ | 6, 7, 8, 9, 10, 11 | 3 | 3 | 3 | 1 | **27 ਅੰਕ** |
| **ਕੁੱਲ ਪ੍ਰਸ਼ਨ** | | **6** | **6** | **5** | **2** | **19** |
| **ਕੁੱਲ ਅੰਕ** | | **6** | **12** | **20** | **12** | **50** |

## ਪਾਠ-ਕ੍ਰਮ (ਲਿਖਤੀ)

**ਪਾਠ 1 : ਭੂਮੀ ਅਤੇ ਭੂਮੀ ਸੁਧਾਰ**

ਭੂਮੀ ਕੀ ਹੈ? ਭੂਮੀ ਦੇ ਭੌਤਿਕ ਅਤੇ ਰਸਾਇਣਕ ਗੁਣ। ਰੇਤਲੀਆਂ, ਚੀਕਣੀਆਂ ਅਤੇ ਕੱਲਰੀਆਂ ਜ਼ਮੀਨਾਂ ਦਾ ਸੁਧਾਰ ਕਰਨ। ਸੇਮ ਵਾਲੀਆਂ ਜ਼ਮੀਨਾਂ ਦੀਆਂ ਸਮੱਸਿਆਵਾਂ ਅਤੇ ਉਹਨਾਂ ਨੂੰ ਸੁਧਾਰਨ ਦੇ ਢੰਗ।

**ਪਾਠ 2 : ਪਨੀਰੀਆਂ ਤਿਆਰ ਕਰਨਾ**

ਪਨੀਰੀ ਤਿਆਰ ਕਰਨ ਦੀ ਜ਼ਰੂਰਤ ਅਤੇ ਲਾਭ। ਸਬਜ਼ੀਆਂ ਅਤੇ ਫੁੱਲਾਂ ਦੀ ਪਨੀਰੀ ਤਿਆਰ ਕਰਨਾਂ। ਫ਼ਲਦਾਰ ਬੂਟਿਆਂ ਅਤੇ ਜੰਗਲਾਤ ਬੂਟਿਆਂ ਦੀ ਨਰਸਰੀ ਤਿਆਰ ਕਰਨ।

**ਪਾਠ 3 : ਜ਼ਮੀਨ ਦੀ ਪੈਮਾਇਸ਼ ਅਤੇ ਰਿਕਾਰਡ**

ਜ਼ਮੀਨ ਦੀ ਮਿਣਤੀ ਅਤੇ ਰਿਕਾਰਡ ਸਬੰਧੀ ਜ਼ਰੂਰੀ ਦਸਤਾਵੇਜ਼ ਅਤੇ ਅਹਿਮ ਪਹਿਲੂ- ਜ਼ਰੀਬ , ਸ਼ਿਜਰਾ , ਨਿਸ਼ਾਨਦੇਹੀ, ਮੁਰੱਬਾਬੰਦੀ, ਗੋਸ਼ਵਾਰਾ, ਇੰਤਕਾਲ, ਜਮ੍ਹਾਂਬੰਦੀ, ਤਕਸੀਮ,ਗਿਰਦਾਵਰੀ, ਦਰੁਸਤੀ ਗਿਰਦਾਵਰੀ, ਠੇਕਾ, ਰਹਿਣ,ਖਰਾਬਾ ਆਦਿ ਸਬੰਧੀ ਜਾਣਕਾਰੀ। ਭੂਮੀ ਦੇ ਰਿਕਾਰਡ ਦਾ ਕੰਪਿਊਟਰੀਕਰਨ। ਜ਼ਮੀਨ ਦੀ ਪੈਮਾਇਸ਼ ਲਈ ਪੈਮਾਨੇ।

**ਪਾਠ 4 : ਸੂਰਜੀ ਊਰਜਾ**

ਰਵਾਇਤੀ ਅਤੇ ਗੈਰ-ਰਵਾਇਤੀ ਊਰਜਾ ਸੋਮੇ, ਮਹੱਤਤਾ। ਸੂਰਜੀ ਊਰਜਾ ਨਾਲ ਚੱਲਣ ਵਾਲੇ ਯੰਤਰ-ਸੋਲਰ ਡਰਾਇਰ, ਸੋਲਰ ਕੁੱਕਰ,ਸੋਲਰ ਵਾਟਰ ਹੀਟਰ, ਸੋਲਰ ਲਾਲਟੈਣ, ਸੋਲਰ ਹੋਮ ਲਾਈਟਿੰਗ ਸਿਸਟਮ,ਸੋਲਰ ਸਟਰੀਟ ਲਾਈਟ, ਸੋਲਰ ਵਾਟਰ ਪੰਪ ਆਦਿ ਸਬੰਧੀ ਜਾਣਕਾਰੀ।

**ਪਾਠ 5 : ਖੁੰਬਾਂ ਦੀ ਕਾਸ਼ਤ**

ਖੁੰਬਾਂ ਦਾ ਖੁਰਾਕੀ ਮਹੱਤਵ, ਵੱਖ-ਵੱਖ ਕਿਸਮਾਂ ਦੀਆਂ ਖੁੰਬਾਂ ਉਗਾਉਣਾ, ਕੀੜਿਆਂ ਤੋ. ਬਚਾਓ, ਪੈਕਿੰਗ ਅਤੇ ਮੰਡੀਕਰਨ ਕਰਨਾਂ ।

**ਪਾਠ 6 : ਮਧੂ ਮੱਖੀ ਪਾਲਣ**

ਮਧੂ ਮੱਖੀ ਪਾਲਣ ਦੀ ਮਹੱਤਤਾ, ਮਧੂ ਮੱਖੀ ਦੀ ਸਰੀਰਕ ਬਣਤਰ, ਕਿਸਮਾਂ, ਜਾਤਾਂ, ਜੀਵਨ ਚੱਕਰ, ਕਟੁੰਬ ਦੀ ਜੱਥੇਬੰਦੀ ਅਤੇ ਕੰਮਕਾਰ ਦੀ ਵੰਡ। ਮੌਸਮੀ ਪ੍ਰਬੰਧ, ਸ਼ਹਿਦ ਦਾ ਮੰਡੀਕਰਨ, ਸਰਕਾਰੀ ਵੱਲੋਂ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ ਅਤੇ ਸਿਖਲਾਈ ਬਾਰੇ ਜਾਣਕਾਰੀ।

**ਪਾਠ 7 : ਬਹੁ-ਭਾਂਤੀ ਖੇਤੀ**

ਬਹੁ-ਫ਼ਸਲੀ ਪ੍ਰਣਾਲੀ ਦੀ ਲੋੜ, ਮਹੱਤਵਪੂਰਣ ਫ਼ਸਲੀ ਚੱਕਰ, ਸੰਯੁਕਤ ਫ਼ਸਲੀ ਚੱਕਰ- ਖੇਤੀ ਸਹਾਇਕ ਧੰਦੇ ਅਪਣਾਉਣਾ।

**ਪਾਠ 8 : ਜੈਵਿਕ ਖੇਤੀ**

ਜੈਵਿਕ ਖੇਤੀ ਦੀ ਮਹੱਤਤਾ, ਲੋੜ ਅਤੇ ਜੈਵਿਕ ਖੇਤੀ ਅਧੀਨ ਰਕਬਾ। ਜੈਵਿਕ ਮਿਆਰ , ਜੈਵਿਕ ਫ਼ਸਲਾਂ ਉਤਪਾਦਨ ਦੇ ਤਰੀਕੇ, ਜੈਵਿਕ ਤਸਦੀਕੀਕਰਨ ਅਤੇ ਜੈਵਿਕ ਖੇਤੀ ਦਾ ਭਵਿੱਖ।

**ਪਾਠ 9 : ਖੇਤੀ ਮਸ਼ੀਨਰੀ ਅਤੇ ਉਸ ਦੀ ਸਾਂਭ-ਸੰਭਾਲ**

ਖੇਤੀ ਮਸ਼ੀਨਰੀ ਦੀ ਸੰਭਾਲ ਦੀ ਮੱਹਤਤਾ। ਟਰੈਕਟਰ,ਕੰਬਾਈਨ ਹਾਰਵੈਸਟਰ, ਕਲਟੀਵੇਟਰ, ਤਵੀਆਂ, ਸੀਡ ਡਰਿੱਲ ਆਦਿ ਦੀ ਸਾਂਭ- ਸੰਭਾਲ ਕਰਨ ਦੇ ਤਰੀਕੇ।

**ਪਾਠ 10 ਫ਼ਲਾਂ ਅਤੇ ਸਬਜ਼ੀਆਂ ਦੀ ਸਾਂਭ ਸੰਭਾਲ**

ਫ਼ਲਾਂ ਅਤੇ ਸਬਜ਼ੀਆਂ ਨੂੰ ਸੰਭਾਲਣ ਦੀ ਲੋੜ, ਸਾਂਭ- ਸੰਭਾਲ ਦੇ ਵੱਖ -ਵੱਖ ਨੁਕਤੇ-ਫ਼ਲ ਅਤੇ ਸਬਜ਼ੀਆਂ ਦੀ ਤੁੜਾਈ, ਡੱਬਾਬੰਦੀ, ਸਟੋਰ ਕਰਨਾ ਅਤੇ ਢੋਆ-ਢੁਆਈ। ਫ਼ਲ ਪਕਾਉਣ ਦੇ ਸਰੱਖਿਅਤ ਤਰੀਕੇ।

**ਪਾਠ 11:ਫ਼ਲ ਅਤੇ ਸਬਜ਼ੀਆਂ ਤੋਂ ਅਚਾਰ , ਮੁਰੱਬੇ ਅਤੇ ਸ਼ਰਬਤ ਬਣਾਉਣਾ**

ਫ਼ਲ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਦਾ ਭਵਿੱਖ। ਫ਼ਲਾਂ ਅਤੇ ਸਬਜ਼ੀਆਂ ਤੋਂ ਅਚਾਰ ਮੁਰੱਬਾ,ਸ਼ਰਬਤ, ਕੈਚਅੱਪ ਆਦਿ ਤਿਆਰ ਕਰਨਾ। ਫ਼ਲਾਂ ਅਤੇ ਸਬਜ਼ੀਆਂ ਨੂੰ ਸੁਕਾਉਣ।

# ਪ੍ਰਯੋਗੀ ਪ੍ਰੀਖਿਆ ਲਈ ਪ੍ਰਸ਼ਨ ਪੱਤਰ ਦੀ ਬਣਤਰ

**ਸਮਾ:2 ਘੰਟੇ** **ਕੁੱਲ ਅੰਕ: 40**

- **ਪ੍ਰੀਖਿਆਰਥੀਆਂ ਨੂੰ ਤਿੰਨ ਪ੍ਰਯੋਗ/ ਪ੍ਰਾਜੈਕਟ ਵਿੱਚੋਂ ਕੋਈ ਦੋ ਪ੍ਰਯੋਗ/ ਪ੍ਰਾਜੈਕਟ ਕਰਨ ਲਈ ਕਿਹਾ ਜਾਵੇਗਾ। 10+10 ਅੰਕ**
- **ਜ਼ਬਾਨੀ ਪ੍ਰਸ਼ਨ 5 ਅੰਕ**
- **ਪ੍ਰਯੋਗੀ ਨੋਟ ਬੁੱਕ 5 ਅੰਕ**
- **ਸੈਂਪਲ ਫਾਈਲ, ਚਾਰਟ ਅਤੇ ਹੋਰ ਪੇਸ਼ਕਾਰੀ 5 ਅੰਕ**
- **ਬੀਜਾਂ, ਖਾਦਾ, ਫਲਾਂ, ਸੰਦਾ ਅਤੇ ਮਸ਼ੀਨਾਂ ਆਦਿ ਦੀ ਪਛਾਣ ਕਰਨਾ। 5 ਅੰਕ**

## ਪਾਠ ਕ੍ਰਮ (ਪ੍ਰਯੋਗੀ)

1. ਚੀਕਣੀ, ਰੇਤਲੀ ਅਤੇ ਮੈਰਾ ਜ਼ਮੀਨ ਦੀ ਪਛਾਣ ਕਰਨ।
2. ਸਕੂਲ ਵਿੱਚ ਸਬਜ਼ੀਆਂ ਅਤੇ ਫੁੱਲਾਂ ਦੀ ਪਨੀਰੀ ਤਿਆਰ ਕਰਨਾ। ਪੌਦਿਆਂ ਦੀ ਨਰਸਰੀ ਵਿੱਚ ਜਾ ਕੇ ਨਵੇਂ ਪੌਦੇ ਤਿਆਰ ਕਰਨ ਦੇ ਤਰੀਕਿਆਂ -ਕਲਮ,ਪਿਊਂਣ, ਦਾਬ ਆਦਿ ਬਾਰੇ ਜਾਣਕਾਰੀ ਪ੍ਰਾਪਤ ਕਰਨ।
3. ਮਾਲ ਵਿਭਾਗ ਦੇ ਦਫ਼ਤਰ ਵਿਚੇ ਜਾ ਕੇ ਖੇਤੀ ਪੈਮਾਇਸ਼ ਨਾਲ ਸਬੰਧਤ ਪਹਿਲੂਆਂ ਬਾਰੇ ਜਾਣਾਰੀ ਪ੍ਰਾਪਤ ਕਰਨਾ। ਫਰਦ ਸੁਵਿਧਾ ਕੇਂਦਰ ਵਿਖੇ ਜਾ ਕੇ ਭੂਮੀ ਰਿਕਾਰਡ ਦੇ ਕੰਪਿਊਟਰੀਕਰਨ ਬਾਰੇ ਜਾਣਕਾਰੀ ਪ੍ਰਾਪਤ ਕਰਨਾ। ਸਕੂਲ ਵਿੱਚ ਵੈੱਬਸਾਈਟ www.plrs.org.in ਤੇ ਜ਼ਮੀਨ ਰਿਕਾਰਡ ਦੇਖਣ ਬਾਰੇ ਜਾਣਕਾਰੀ ਦੇਣਾ।
4. ਆਪਣੇ ਜ਼ਿਲ੍ਹੇ ਦੇ ਪੰਜਾਬ ਊਰਜਾ ਵਿਕਾਸ ਏਜੰਸੀ ਦੇ ਅਧਿਕਾਰੀਆਂ ਨਾਲ ਸੰਪਰਕ ਕਰ ਕੇ ਸੂਰਜੀ ਊਰਜਾ ਨਾਲ ਚੱਲਣ ਵਾਲੇ ਯੰਤਰਾਂ ਅਤੇ ਸਬਸਿਡੀਆਂ ਸਬੰਧੀ ਜਾਣਕਾਰੀ ਪ੍ਰਾਪਤ ਕਰਨਾ ।
5. ਕਿਸੇ ਖੁੰਬਾਂ ਉਗਾਉਣ ਵਾਲੇ ਫਾਰਮ ਤੇ ਜਾ ਕੇ ਖੁੰਬਾਂ ਉਗਾਉਣ ਸਬੰਧੀ ਸਮੁੰਚੀ ਜਾਣਕਾਰੀ ਪ੍ਰਾਪਤ ਕਰਨਾ। ਬਾਗਬਾਨੀ ਵਿਭਾਗ ਦੀ ਸਹਾਇਤਾ ਨਾਲ ਸਕੂਲ ਵਿੱਚ ਖੁੰਬਾਂ ਦੀ ਕਾਸ਼ਤ ਕਰਨਾ।
6. ਕਿਸੇ ਮਧੂ ਮੱਖੀ ਪਾਲਣ ਫਾਰਮ ਤੇ ਜਾ ਕੇ ਮਧੂ ਮੱਖੀ ਪਾਲਣ, ਸਾਜੋ-ਸਮਾਨ ਅਤੇ ਹੋਰ ਪਹਿਲੂਆਂ ਬਾਰੇ ਜਾਣਕਾਰੀ ਪ੍ਰਾਪਤ ਕਰਨਾ।
7. ਖੇਤੀ ਸਹਿਯੋਗ ਧੰਦੇ- ਡੇਅਰੀ ਫਾਰਮ, ਮੱਛੀ ਫਾਰਮ, ਖਰਗੋਸ਼ ਫਾਰਮ, ਸੂਬ ਫਾਰਮ ਆਦਿ ਦਾ ਦੌਰਾ ਕਰਨਾ।
8. ਵਿਦਿਆਰਥੀਆਂ ਨੂੰ ਜ਼ਹਿਰ-ਮੁਕਤ ਖੇਤੀ ਕਰਨ ਲਈ ਪ੍ਰੇਰਿਤ ਕਰਨਾ।
9. ਖੇਤੀ ਮਸ਼ੀਨਾਂ ਬਾਰੇ ਜਾਣਕਾਰੀ ਦੇਣਾ ਅਤੇ ਉਹਨਾਂ ਦੀ ਸਾਂਭ-ਸੰਭਾਲ ਦੇ ਤਰੀਕਿਆਂ ਬਾਰੇ ਦੱਸਣਾ।
10. ਸਬਜ਼ੀਆਂ ਅਤੇ ਫ਼ਲਾਂ ਤੋਂ ਅਚਾਰ, ਸ਼ਰਬਤ, ਮਰੱਬਾ ਅਤ। ਚੱਟਨੀ ਆਦਿ ਤਿਆਰ ਕਰਨਾ। ਕਿਸੇ ਨੇੜਲੇ ਫੂਡ ਪ੍ਰੋਸੈਸਿੰਗ ਪਲਾਂਟ ਦਾ ਦੌਰਾ ਕਰਨਾ।
11. ਬਾਗਾਂ ਅਤੇ ਸਬੀਆਂ ਵਾਲੇ ਖੇਤਾਂ ਦਾ ਦੌਰਾ ਕਰਨਾ।